# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 15-05-2025**

ਕੇਂਦਰੀ ਰੱਖਿਆ ਮੰਤਰੀ ਰਾਜਨਾਥ ਸਿੰਘ ਅੱਜ ਸ੍ਰੀਨਗਰ ਪਹੁੰਚ ਗਏ ਨੇ। ਉਹ 7 ਮਈ ਨੂੰ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਕਸ਼ਮੀਰ ਦੀ ਸਥਿਤੀ ਦਾ ਜਾਇਜਾ ਲੈਣਗੇ। ਰੱਖਿਆ ਸੂਤਰਾਂ ਮੁਤਾਬਕ ਉਨ੍ਹਾਂ ਨਾਲ ਰੱਖਿਆ ਮੰਤਰਾਲੇ ਦੇ ਕਈ ਸੀਨੀਅਰ ਅਫ਼ਸਰ ਵੀ ਮੌਜੂਦ ਨੇ। ਰੱਖਿਆ ਮੰਤਰੀ ਸ੍ਰੀਨਗਰ ਵਿਚ ਫੌਜ ਦੇ 15 ਮੁੱਖ ਦਫ਼ਤਰਾਂ ਦਾ ਦੌਰਾ ਕਰਨਗੇ, ਜਿੱਥੇ ਉਨ੍ਹਾਂ ਨੂੰ ਆਪ੍ਰੇਸ਼ਨਲ ਤਿਆਰੀਆਂ ਅਤੇ ਆਪ੍ਰੇਸ਼ਨ ਸਿੰਦੂਰ ਦੌਰਾਨ ਹੋਈ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਦੌਰਾਨ ਰੱਖਿਆ ਮੰਤਰੀ ਫੌਜ ਦੇ ਜਵਾਨਾਂ ਨੂੰ ਮਿਲਣਗੇ ਤੇ ਗੱਲਬਾਤ ਕਰਨਗੇ।

---------------------------------------------------------------

ਹੁਣੇ ਜਿਹੇ ਪਾਕਿਸਤਾਨ ਵਿਰੁੱਧ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਨੇ ਭਾਰਤ ਦੀ ਸੁਰੱਖਿਆ ਨੀਤੀ, ਫ਼ੌਜ ਦੇ ਸੰਕਲਪ ਤੇ ਫੈਸਲਾਕੁਨ ਲੀਡਰਸ਼ਿਪ ਦਾ

ਨਵਾਂ ਮਿਆਰ ਸਥਾਪਿਤ ਕੀਤਾ ਏ। ਇਸ ਮਾਣਮੱਤੀ ਸੈਨਿਕ ਸਫ਼ਲਤਾ ਨੇ ਨਾ-ਸਿਰਫ਼ ਦੇਸ਼ ਦੇ ਦੁਸ਼ਮਣਾਂ ਨੂੰ ਮੂੰਹਤੋੜ ਜਵਾਬ ਦਿੱਤਾ, ਸਗੋਂ ਦੇਸ਼ ਵਾਸੀਆਂ ਵਿਚ ਰਾਸ਼ਟਰ ਭਗਤੀ ਦੀ ਨਵੀਂ ਚੇਤਨਾ ਵੀ ਜਗਾਈ ਏ। ਇਸ ਇਤਿਹਾਸਕ ਜਿੱਤ ਦੇ ਸਨਮਾਨ ਵਿਚ ਸਾਡੇ ਵੀਰ ਹਥਿਆਰਬੰਦ ਬਲਾਂ ਦੀ ਬਹਾਦਰੀ, ਬਲੀਦਾਨ ਅਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਡੋਲ ਲੀਡਰਸ਼ਿਪ ਨੂੰ ਸ਼ਰਧਾਂਜਲੀ ਦੇਣ ਲਈ ਰਾਸ਼ਟਰਵਿਆਪੀ ਮੁਹਿੰਮ ਸ਼ੁਰੂ ਕੀਤੀ ਗਈ ਏ। ਇਸ ਮੁਹਿੰਮ ਤਹਿਤ ਤਿਰੰਗਾ ਯਾਤਰਾਵਾਂ ਅਤੇ ਔਰਤਾਂ ਦੀ ਅਗਵਾਈ ਵਾਲੀਆਂ ਸਿੰਦੂਰ ਯਾਤਰਾਵਾਂ ਕੱਢੀਆਂ ਜਾਣਗੀਆਂ । ਇਸ ਦੇ ਨਾਲ ਹੀ ਸੂਬਾ, ਜ਼ਿਲ੍ਹਾ ਅਤੇ ਪਿੰਡ ਪੱਧਰ 'ਤੇ ਹੋਰ ਗਤੀਵਿਧੀਆਂ ਕੀਤੀਆਂ ਜਾਣਗੀਆਂ। ਇਸ ਸਬੰਧੀ ਸੂਬਾ ਪੱਧਰੀ ਸਮਾਗਮ ਅੱਜ ਸ਼ਾਮ ਜਲੰਧਰ ਵਿਚ ਹੋਵੇਗਾ। 23 ਮਈ ਤੱਕ ਚੱਲਣ ਵਾਲੀ ਇਸ ਮੁਹਿੰਮ ਵਿਚ ਜ਼ਿਲ੍ਹਾ ਤੇ ਪਿੰਡ ਪੱਧਰ 'ਤੇ ਹੋਰ ਗਤੀਵਿਧੀਆਂ ਵੀ ਕੀਤੀਆਂ ਜਾਣਗੀਆਂ।

---------------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਗੁਰਮੀਤ ਸਿੰਘ ਖੁੱਡੀਆਂ ਨੇ

ਦੱਸਿਆ ਏ ਕਿ ਸੂਬਾ ਸਰਕਾਰ ਨੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਇਸ ਸਾਉਣੀ ਸੀਜ਼ਨ ਦੌਰਾਨ 5 ਲੱਖ ਏਕੜ ਰਕਬੇ ਨੂੰ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਅਧੀਨ ਲਿਆਉਣ ਦਾ ਟੀਚਾ ਮਿੱਥਿਆ ਏ । ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ, ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਪਣਾਉਣ ਵਾਲੇ ਕਿਸਾਨਾਂ ਨੂੰ ਪ੍ਰਤੀ ਏਕੜ 1500 ਰੁਪਏ ਵਿੱਤੀ ਸਹਾਇਤਾ ਦੇ ਰਹੀ ਏ। ਸੂਬਾ ਸਰਕਾਰ ਨੇ ਵਿੱਤੀ ਸਾਲ 2025-26 ਲਈ 40 ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਏ। ਚਾਹਵਾਨ ਕਿਸਾਨ ਆਉਂਦੀ 30 ਜੂਨ ਤੱਕ ਆਨਲਾਈਨ ਪੋਰਟਲ agrimachinerypb.com ਉੱਤੇ ਡੀ.ਐਸ.ਆਰ. ਸਕੀਮ ਲਈ ਰਜਿਸਟਰ ਕਰ ਸਕਦੇ ਨੇ।

---------------------------------------------------------------

ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਡੇਰਾਬੱਸੀ ਦੇ ਕਾਰਜ ਸਾਧਕ ਅਫ਼ਸਰ (ਈ.ਓ.) ਵਿਜੇ ਕੁਮਾਰ ਨੂੰ ਡਿਊਟੀ ਵਿਚ ਕੁਤਾਹੀ ਵਰਤਣ ਕਾਰਨ ਮੁਅੱਤਲ ਕਰ ਦਿੱਤਾ ਏ। ਡੇਰਾਬੱਸੀ ਵਿਚ ਸਫਾਈ ਕਾਰਜਾਂ ਦੇ ਅਚਨਚੇਤ ਨਿਰੀਖਣ ਦੌਰਾਨ, ਸਥਾਨਕ ਸਰਕਾਰਾਂ

ਮੰਤਰੀ ਡਾ. ਰਵਜੋਤ ਸਿੰਘ ਨੇ ਸਫਾਈ ਪਹਿਲਕਦਮੀਆਂ ਵਿਚ ਪ੍ਰਗਤੀ ਦੀ ਘਾਟ ਪ੍ਰਤੀ ਅਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਨੇ ਈ.ਓ. ਵਿਜੇ ਕੁਮਾਰ ਨੂੰ ਅਗਲੇ ਨੋਟਿਸ ਤੱਕ ਸੈਕਟਰ-35-ਏ ਚੰਡੀਗੜ੍ਹ ਵਿਚ ਸਥਾਨਕ ਸਰਕਾਰਾਂ ਦੇ ਮੁੱਖ ਦਫਤਰ ਵਿਚ ਰਿਪੋਰਟ ਕਰਨ ਦੀ ਹਦਾਇਤ ਕੀਤੀ ਏ।

---------------------------------------------------------

"ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਕੱਲ 74ਵੇਂ ਦਿਨ ਪੰਜਾਬ ਪੁਲਿਸ ਨੇ 156 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇਕ ਕਿੱਲੋ ਤੋਂ ਵੱਧ ਹੈਰੋਇਨ, ਡੇਢ ਕਿੱਲੋ ਅਫ਼ੀਮ ਤੇ 57,920 ਰੁਪਏ ਦੀ ਨਕਦੀ ਬਰਾਮਦ ਕੀਤੀ ਏ। ਇਸ ਨਾਲ 74 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਗਿਣਤੀ 11,051 ਹੋ ਗਈ ਏ। ਇਹ ਕਾਰਵਾਈ ਸੂਬੇ ਦੇ ਸਾਰੇ 28 ਜ਼ਿਲ੍ਹਿਆਂ ਵਿਚ ਇੱਕੋ ਵੇਲੇ ਕੀਤੀ ਗਈ। ਇਸ ਬਾਰੇ ਕਾਨੂੰਨ ਤੇ ਵਿਵਸਥਾ ਸਬੰਧੀ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ 200 ਤੋਂ ਵੱਧ ਪੁਲਿਸ ਟੀਮਾਂ ਨੇ 490 ਥਾਵਾਂ 'ਤੇ ਛਾਪੇਮਾਰੀ ਕੀਤੀ

ਅਤੇ ਸੂਬੇ ਵਿਚ 125 ਮਾਮਲੇ ਦਰਜ ਕੀਤੇ ਗਏ ਨੇ । ਇਸ ਕਾਰਵਾਈ ਦੌਰਾਨ ਪੁਲਿਸ ਟੀਮਾਂ ਨੇ 529 ਸ਼ੱਕੀ ਵਿਅਕਤੀਆਂ ਕੋਲੋਂ ਪੁੱਛ-ਪੜਤਾਲ ਕੀਤੀ ਅਤੇ 113 ਵਿਅਕਤੀਆਂ ਨੂੰ ਨਸ਼ੇ ਛੱਡਣ ਤੇ ਆਪਣਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ  ਏ।

---------------------------------------------------------

ਰੱਖਿਆ ਸੇਵਾਵਾਂ ਭਲਾਈ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਵਿਭਾਗ ਵਿਚ ਚੱਲ ਰਹੇ ਵੱਖ-ਵੱਖ ਕੰਮਾਂ ਅਤੇ ਸਾਬਕਾ ਫੌਜੀਆਂ ਦੀ ਭਲਾਈ ਸਬੰਧੀ ਸਕੀਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮੰਤਰੀ ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਨੂੰ ਅਸਰਦਾਰ ਢੰਗ ਨਾਲ ਲਾਗੂ ਕੀਤਾ ਜਾਵੇ। ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੂਬੇ ਦੇ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਕੰਮਾਂ ਨੂੰ ਪਹਿਲ ਦੇ ਅਧਾਰ ਉੱਤੇ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੈਨਿਕ ਰੈਸਟ

ਹਾਊਸਾਂ ਨੂੰ ਹੋਰ ਬਿਹਤਰ ਬਣਾਉਣ ਲਈ ਤੁਰੰਤ ਕਾਰਵਾਈ ਕੀਤੀ ਜਾਵੇ
।

---------------------------------------------------------------

ਬਿਹਾਰ ਵਿਚ ਖੇਲੋ ਇੰਡੀਆ ਯੁਵਾ ਖੇਡ ਮੁਕਾਬਲੇ ਅੱਜ ਖ਼ਤਮ ਹੋ ਰਹੇ ਨੇ। ਪਟਨਾ ਵਿਚ ਕੰਕੜਬਾਗ ਦੇ ਪਾਟਲੀਪੁੱਤਰ ਸਟੇਡੀਅਮ ਵਿਚ ਅੱਜ ਸ਼ਾਮ ਵੇਲੇ ਸਮਾਪਤੀ ਸਮਾਰੋਹ ਹੋਵੇਗਾ। ਇਨਾਂ ਮੁਕਾਬਲਿਆਂ ਵਿਚ ਤਮਗਾ ਸੂਚੀ ਵਿਚ 149 ਤਮਗਿਆਂ ਦੇ ਨਾਲ ਮਹਾਰਾਸ਼ਟਰ ਚੋਟੀ ਉੱਤੇ ਏ। ਹਰਿਆਣਾ 107 ਤਮਗਿਆਂ ਦੇ ਨਾਲ ਦੂਜੇ ਸਥਾਨ ਉੱਤੇ ਅਤੇ ਰਾਜਸਥਾਨ 55 ਤਮਗਿਆਂ ਦੇ ਨਾਲ ਤੀਜੇ ਸਥਾਨ ਉੱਤੇ ਏ।